# The role of woman in Indian freedom movement 8-3-2019

## Seminar on "The Role of Women in Indian Freedom Movement"
## History Department
## March 8, 2019

A Seminar on the topic "The Role of Women in Indian Freedom Movement" was organized by the Department of History on International Women Day (8 March, 2019). Dr. Ajmeet Kaur, Head, deptt. of History motivated the girls to get education and become aware of their Rights and Duties. Many students presented their articles in this seminar.

Principal
Nehru Memorial Govt. College
Mansa

# ਸੰਘਰਸ਼ ਸਦਕਾ ਹੀ ਔਰਤਾਂ ਲਈ ਬਣੇ ਕਾਨੂੰਨ

**ਪੱਤਰ ਪ੍ਰੇਰਕ, ਮਾਨਸਾ** : ਸਰਕਾਰੀ ਨਹਿਰੂ ਮੈਮੋਰੀਅਲ ਕਾਲਜ ਵਿਖੇ ਇਤਿਹਾਸ ਵਿਭਾਗ ਵਲੋਂ ਪ੍ਰਿੰਸੀਪਲ ਜੋਤੀ ਪ੍ਰਕਾਸ਼ ਦੀ ਅਗਵਾਈ ਹੇਠ ਅੰਤਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਵਿਭਾਗ ਦੇ ਮੁਖੀ ਪ੍ਰੋ. ਅਜਮੀਤ ਕੌਰ ਨੇ ਮਹਿਲਾ ਦਿਵਸ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਤਿਹਾਸ ਵਿਚ ਔਰਤਾਂ ਨੇ ਆਪਣੇ ਅਧਿਕਾਰਾਂ ਤੇ ਸਵਤੰਤਰਾ ਲਈ ਲੰਬੀ ਲੜਾਈ ਲੜੀ ਹੈ, ਜਿਸ ਦੇ ਨਤੀਜੇ ਵਜੋਂ ਔਰਤਾਂ ਦੇ ਮਾਣ-ਸਨਮਾਨ ਲਈ ਅਨੇਕਾਂ ਕਾਨੂੰਨ ਬਣੇ ਹੋਏ ਹਨ। ਉਨ੍ਹਾਂ ਕਿਹਾ ਕਿ 8 ਮਾਰਚ ਦੇ ਦਿਨ ਵੱਖ-ਵੱਖ ਸਮਾਜਿਕ ਤੇ ਵਿਦਿਅਕ ਸੰਸਥਾਵਾਂ ਵਲੋਂ ਔਰਤਾਂ ਅੰਦਰ ਜਾਗਰੂਕਤਾ ਕਰਨ ਲਈ ਮਨਾਇਆ ਜਾਂਦਾ ਹੈ।

ਇਸ ਦੌਰਾਨ ਵਿਦਿਆਰਥਣਾਂ ਦਾ ਸਵਤੰਤਰਤਾ ਸੰਗ੍ਰਾਮ ਵਿਚ ਔਰਤ ਦੀ ਭੂਮਿਕਾ ਵਿਸ਼ੇ 'ਤੇ ਇਕ ਭਾਸ਼ਣ ਮੁਕਾਬਲਾ ਕਰਵਾਇਆ ਗਿਆ। ਇਸ ਦੌਰਾਨ ਇਹ ਗੱਲ ਉੱਭਰ ਕੇ ਸਾਹਮਣੇ ਆਈ ਕਿ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਦੀਆਂ ਕਈ ਨਾਇਕਾਵਾਂ ਇਤਿਹਾਸ ਦੇ ਪੰਨਿਆਂ ਵਿਚ ਅਣਗੌਲੀਆਂ ਹਨ। ਇਸ ਮੁਕਾਬਲੇ ਵਿਚ ਕ੍ਰਮਵਾਰ ਸ਼ਿਵਜੀਤ ਕੌਰ, ਗਗਨਪ੍ਰੀਤ ਕੌਰ ਤੇ ਸ਼ੰਮੀ ਬੇਗਮ ਨੇ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਸ਼ਿਵਾਨੀ ਰਾਣੀ ਨੂੰ ਹੌਸਲਾ ਵਧਾਊ ਇਨਾਮ ਦਿੱਤਾ ਗਿਆ। ਇਸ ਮੌਕੇ ਪ੍ਰੋ. ਸੁਮਨਦੀਪ ਕੌਰ ਨੇ ਇਸ ਸਮਾਗਮ ਲਈ ਇਤਿਹਾਸ ਵਿਭਾਗ ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਾਲਜ ਵਿਚ ਇਹੋ ਜਿਹੇ ਸਮਾਗਮ ਹੋਣ ਨਾਲ ਵਿਦਿਆਰਥੀਆਂ ਵਿਚ ਸਮਾਜਿਕ ਚੇਤਨਾ ਪੈਦਾ ਹੋਣ ਦੇ ਨਾਲ-ਨਾਲ ਸਵੈ-ਵਿਸ਼ਵਾਸ ਪੈਦਾ ਹੁੰਦਾ ਹੈ। ਮੁਕਾਬਲੇ ਦੀ ਜੱਜਮੈਂਟ ਡਾ. ਹਰਵਿੰਦਰ ਕੌਰ, ਪ੍ਰੋ. ਸਿੰਪਲ ਬਾਂਸਲ, ਪ੍ਰੋ. ਰਮਨਦੀਪ ਕੌਰ, ਪ੍ਰੋ. ਪ੍ਰਤਿਭਾ ਜਿੰਦਲ ਨੇ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਬਲਜੀਤ ਸਿੰਘ ਨੇ ਨਿਭਾਈ। ਇਸ ਮੌਕੇ ਪ੍ਰੋ. ਸੀਮਾ ਜਿੰਦਲ, ਪ੍ਰੋ. ਰਜਨੀ ਬਾਲਾ, ਪ੍ਰੋ. ਆਸ਼ੂ ਗਰਗ, ਪ੍ਰੋ. ਤਨਵੀਰ , ਪ੍ਰੋ. ਕੁਲਦੀਪ ਸਿੰਘ ਚੌਹਾਨ ਆਦਿ ਹਾਜ਼ਰ ਸਨ।



**ਨਹਿਰੂ ਕਾਲਜ ਮਾਨਸਾ 'ਚ ਸਮਾਗਮ ਦੌਰਾਨ ਜੇਤੂ ਵਿਦਿਆਰਥਣਾਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ।**